# ਪੰਜਾਬ ਸਕੂਲ ਸਿੱਖਿਆ ਬੋਰਡ

# ਰਿਵਾਈਜ਼ਡ ਹਦਾਇਤਾਂ

## 29/11/2019

**ਸਾਲ/ਸੈਸ਼ਨ 2019-20 ਲਈ ਪੰਜਵੀਂ (V) ਅਤੇ ਅੱਠਵੀਂ (VIII) ਸ਼੍ਰੇਣੀ ਵਿੱਚ ਵਿਦਿਆਰਥੀਆਂ ਦੀ ਰਜਿਸਟਰੇਸ਼ਨ ਕਰਨ ਸਬੰਧੀ ਹਦਾਇਤਾਂ :-**

**(1) ਦਾਖਲੇ ਸਬੰਧੀ ਸੰਖੇਪ ਵਿੱਚ ਹਦਾਇਤਾ :-**

- ਸਮੂਹ ਸਕੂਲ ਮੁੱਖੀ ਸਬੰਧਤ ਸ਼੍ਰੇਣੀਆਂ ਦੇ ਵਿਦਿਆਰਥੀਆਂ ਦਾ ਦਾਖਲਾ ਅਕਾਦਮਿਕ ਸ਼ਾਖਾ ਵੱਲੋਂ ਜਾਰੀ ਦਾਖਲਾ ਕਰਨ ਸਬੰਧੀ ਹਦਾਇਤਾਂ ਅਨੁਸਾਰ ਕਰਨਾ ਯਕੀਨੀ ਬਣਾਉਣਗੇ।
- ਅਯੋਗ ਵਿਦਿਆਰਥੀ ਦਾਖਲ ਕਰਨ ਦੀ ਸੂਰਤ ਵਿੱਚ ਨਿਰੋਲ ਜਿੰਮੇਵਾਰੀ ਸਕੂਲ ਮੁਖੀ ਦੀ ਹੋਵੇਗੀ।
- ਦਾਖਲੇ ਸਬੰਧੀ ਹਦਾਇਤਾਂ ਬੋਰਡ ਦੀ ਵੈਬ ਸਾਈਟ ਤੇ ਅਕਾਦਮਿਕ ਸੈਕਸ਼ਨ ਅਧੀਨ ਅਤੇ ਸਕੂਲ ਲਾਗਇੰਨ ਵਿੱਚ News ਸੈਕਸ਼ਨ ਅਧੀਨ ਉਪਲੱਬਧ ਹਨ।
- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਦਾਖਲਾ ਸ਼ਡਿਊਲ ਦੀਆਂ ਮਿਤੀਆਂ ਖਤਮ ਹੋਣ ਉਪਰੰਤ ਦੂਜੇ ਰਾਜ/ਬੋਰਡ ਤੋਂ ਪੜ੍ਹਦੇ ਆ ਰਹੇ ਵਿਦਿਆਰਥੀਆਂ ਨੂੰ ਕਿਸੇ ਵੀ ਸੂਰਤ ਵਿੱਚ ਪੰਜਵੀਂ/ਅੱਠਵੀਂ ਸ਼੍ਰੇਣੀ ਦੇ ਦਾਖਲੇ ਸਬੰਧੀ ਨਿਰਧਾਰਿਤ ਇੰਟਰ ਬੋਰਡ ਮਾਈਗਰੇਸ਼ਨ ਫਾਰਮ, ਤੇ ਰਜਿਸਟਰੇਸ਼ਨ ਸ਼ਾਖਾ ਵੱਲੋਂ ਪੂਰਵ ਪ੍ਰਵਾਨਗੀ ਲਏ ਬਿਨਾਂ ਦਾਖਲ ਨਾ ਕੀਤਾ ਜਾਵੇ।
- ਮਾਈਗਰੇਸ਼ਨ ਹੋਣ ਉਪਰੰਤ ਵਿਦਿਆਰਥੀ ਨੂੰ 15 ਦਿਨ ਦੇ ਅੰਦਰ-ਅੰਦਰ ਸਕੂਲ ਵਿੱਚ ਦਾਖਲਾ ਲੈਣਾ ਲਾਜਮੀਂ ਹੋਵੇਗਾ । ਦਾਖਲਾ ਨਾ ਲੈਣ ਦੀ ਸੂਰਤ ਵਿੱਚ ਦਿੱਤੀ ਪ੍ਰਵਾਨਗੀ ਰੱਦ ਸਮਝੀ ਜਾਵੇਗੀ। ਰੱਦ ਹੋਈ ਪ੍ਰਵਾਨਗੀ ਵਾਲੇ ਵਿਦਿਆਰਥੀ ਨੂੰ ਵਿਸ਼ੇਸ਼ ਹਲਾਤਾਂ ਵਿੱਚ ਦੁਬਾਰਾ ਪ੍ਰਵਾਨਗੀ ਮੁੜ ਫੀਸ ਜਮ੍ਹਾਂ ਕਰਵਾਉਣ ਤੇ ਹੀ ਦਿੱਤੀ ਜਾਵੇਗੀ।

**(2) ਦਾਖਲਾ ਖਾਰਜ ਰਜਿਸਟਰ ਵਿੱਚ ਵਿਦਿਆਰਥੀ ਦੇ ਵੇਰਵਿਆਂ ਦੀਆਂ ਸੋਧਾਂ ਸਬੰਧੀ ਹਦਾਇਤਾਂ :-**

- ਪ੍ਰੀਖਿਆਰਥੀਆਂ ਦੀ ਆਨ-ਲਾਈਨ ਰਜਿਸਟਰੇਸ਼ਨ ਐਫੀਲਿਏਸ਼ਨ ਸ਼ਾਖਾ ਵੱਲੋਂ ਸਕੂਲਾਂ ਨੂੰ ਲਾਜ਼ਮੀ ਕੀਤੇ ਦਾਖਲਾ ਖਾਰਜ ਰਜਿਸਟਰ ਵਿੱਚ ਦਰਜ ਵੇਰਵਿਆ ਦੇ ਅਧਾਰ ਤੇ ਕੀਤੀ ਜਾਵੇ। ਇਸ ਲਈ ਦਾਖਲਾ ਖਾਰਜ ਰਜਿਸਟਰ ਵਿੱਚ ਪੰਜਵੀਂ ਅਤੇ ਅੱਠਵੀਂ ਵਿੱਚ ਦਾਖਲ ਹੋਣ ਵਾਲੇ ਪਰੀਖਿਆਰਥੀਆਂ ਦੀ ਹਰ ਸਾਲ ਦਾਖਲਾ ਮਿਤੀ ਅਤੇ ਵੇਰਵਿਆ ਸਮੇਤ ਨਵੀਂ ਐਂਟਰੀ ਕੀਤੀ ਜਾਵੇ।
- ਪ੍ਰੀਖਿਆਰਥੀ ਦੇ ਵੇਰਵੇ ਦੋਵੇਂ ਭਾਸ਼ਾਵਾਂ ਅੰਗਰੇਜ਼ੀ ਅਤੇ ਪੰਜਾਬੀ ਵਿੱਚ ਦਰਜ ਕੀਤੇ ਜਾਣ।
- ਇਹ ਵੇਰਵੇ ਪਰੀਖਿਆਰਥੀ ਵੱਲੋਂ ਦਿੱਤੇ ਸਬੂਤ ਵਜੋਂ ਦਿੱਤੇ ਦਸਤਾਵੇਜ਼ਾਂ ਦੇ ਅਨੁਸਾਰ ਦਰਜ ਕੀਤੇ ਜਾਣ ਅਤੇ ਇਹਨਾਂ ਨੂੰ ਪ੍ਰੀਖਿਆਰਥੀ ਤੋਂ ਵੈਰੀਫਾਈ ਵੀ ਕਰਵਾਇਆ ਜਾਵੇ।
- ਦਾਖਲਾ ਖਾਰਜ ਰਜਿਸਟਰ ਉੱਪਰ '**ਦਾਖਲਾ ਖਾਰਜ ਰਜਿਸਟਰ ਨੰਬਰ'** ਜਰੂਰ ਲੱਗਿਆ ਹੋਣਾ ਚਾਹੀਦਾ ਹੈ। ਜੇਕਰ ਇਹ ਨੰਬਰ ਨਹੀਂ ਲੱਗਿਆ ਹੋਇਆ, ਤਾਂ ਜਿਲ੍ਹਾਂ ਖੇਤਰੀ ਦਫਤਰ ਨਾਲ ਤੁਰੰਤ ਸੰਪਰਕ ਕਰਕੇ ਨੰਬਰ ਲਗਵਾਇਆ ਜਾਵੇ।
- ਪ੍ਰੀਖਿਆਰਥੀ ਦੀ ਆਨ-ਲਾਈਨ ਐਂਟਰੀ ਦਾਖਲਾ ਖਾਰਜ ਰਜਿਸਟਰ ਵਿੱਚ ਦਰਜ ਵੇਰਵਿਆ ਅਨੁਸਾਰ ਹੀ ਕੀਤੀ ਜਾਵੇ ਅਤੇ ਦਾਖਲਾ ਰਜਿਸਟਰ ਦਾ ਨੰਬਰ, ਦਾਖਲਾ ਨੰਬਰ, ਦਾਖਲੇ ਦੀ ਮਿਤੀ ਆਦਿ ਵੇਰਵੇ ਭਰਨੇ ਲਾਜ਼ਮੀ ਹਨ।

**(3) ਪਹਿਲੀ ਕਲਾਸ ਤੋਂ ਚੌਥੀ ਕਲਾਸ ਤੱਕ ਪ੍ਰੀਖਿਆਰਥੀਆਂ ਦੇ ਮਾਤਾ/ਪਿਤਾ/ਵਿਦਿਆਰਥੀ ਦੇ ਨਾਮ ਦੀ ਤਬਦੀਲੀ ਜਾਂ ਸੋਧ ਸਬੰਧੀ ਸਬੰਧਤ ਦਸਤਾਵੇਜ਼/ਰਿਕਾਰਡ ਪ੍ਰਾਪਤ ਕਰਨ ਉਪਰੰਤ ਸਕੂਲ ਦੇ ਰਿਕਾਰਡ ਵਿੱਚ ਸੋਧ ਸਕੂਲ ਮੁੱਖੀ ਆਪਣੇ ਪੱਧਰ ਤੇ ਕਰ ਸਕਦਾ ਹੈ। ਸੋਧ ਸਬੰਧੀ ਸਕੂਲ ਦਾ ਦਾਖਲਾ ਖਾਰਜ ਰਜਿਸਟਰ ਡੀ.ਈ.ਓ. ਤੋਂ ਕਾਊਂਟਰ ਸਾਈਨ ਕਰਾਉਣ ਦੀ ਲੋੜ ਨਹੀਂ ਹੈ। (4) ਦੂਜੇ ਰਾਜ / ਬੋਰਡ ਤੋਂ ਆਉਣ ਵਾਲੇ ਪਰੀਖਿਆਰਥੀਆਂ ਸਬੰਧੀ :-**

ਦੂਜੇ ਰਾਜ/ਬੋਰਡ ਤੋਂ ਆਉਣ ਵਾਲੇ ਪਰੀਖਿਆਰਥੀਆਂ ਦੇ ਹੇਠ ਲਿਖੇ ਦਸਤਾਵੇਜ਼, ਰਿਟਰਨ ਦੀ ਕਾਪੀ ਦੇ ਨਾਲ ਮੁੱਖ ਦਫਤਰ ਦੀ ( ਰਜਿਸਟਰੇਸ਼ਨ ਸ਼ਾਖਾ ) ਵਿੱਚ ਭੇਜਣੇ ਲਾਜ਼ਮੀ ਹਨ :-

- ਵਿੱਦਿਅਕ ਸੈਸ਼ਨ ਦੌਰਾਨ ਜਾਂ ਹੇਠਲੀ ਪਰੀਖਿਆ ਪਾਸ ਕਰਨ ਉਪਰੰਤ ਸਕੂਲ ਛੱਡਣ ਦਾ ਸਰਟੀਫਿਕੇਟ (ਟਰਾਂਸਫਰ ਸਰਟੀਫਿਕੇਟ ) ਦੂਜੇ ਰਾਜ/ਬੋਰਡ ਦੇ ਸਬੰਧਤ ਜ਼ਿਲ੍ਹਾਂ ਸਿੱਖਿਆ ਅਫ਼ਸਰ ਜਾਂ ਸਮਰੱਥ ਅਧਿਕਾਰੀ ਦੁਆਰਾ ਪ੍ਰਤੀ ਹਸਤਾਖਰ ਹੋਣਾ ਚਾਹੀਦਾ ਹੈ।

- ਜਿਸ ਸ਼੍ਰੇਣੀ ਵਿੱਚ ਦਾਖਲ ਹੋਣਾ ਹੈ, ਉਸ ਤੋਂ ਪਿਛਲੀ ਸ਼੍ਰੇਣੀ ਪਾਸ ਹੋਣ ਦੇ ਸਬੂਤ ਵਜੋਂ ਦਸਤਾਵੇਜ਼ ਭਾਵ (ਡਿਟੇਲ ਮਾਰਕਸ ਕਾਰਡ/ਸਰਟੀਫਿਕੇਟ ਦੀ ਤਸਦੀਕ ਸ਼ੁਦਾ ਫੋਟੋਸਟੇਟ ਕਾਪੀ)

ਜਾਂ

- **ਪੰਜਵੀਂ ਸ਼੍ਰੇਣੀ ਵਿੱਚ ਦਾਖਲ ਹੋਣ ਲਈ ਵਿਦਿਆਰਥੀ ਦੀ ਮਿਤੀ 31 ਮਾਰਚ ਤੱਕ ਘੱਟੋਂ ਘੱਟ ਉਮਰ 9 ਸਾਲ ਹੋਣੀ ਚਾਹੀਦੀ ਹੈ। ਇਸ ਸਬੰਧੀ ਯੋਗਤਾ ਚੈੱਕ ਕਰਨ ਦੀ ਨਿਰੋਲ ਜਿੰਮੇਵਾਰੀ ਸਕੂਲ ਮੁੱਖੀ ਦੀ ਹੋਵੇਗੀ।**
- **ਅੱਠਵੀਂ ਸ਼੍ਰੇਣੀ ਵਿੱਚ ਦਾਖਲ ਹੋਣ ਲਈ ਵਿਦਿਆਰਥੀ ਦੀ ਮਿਤੀ 31 ਮਾਰਚ ਤੱਕ ਘੱਟੋ ਘੱਟ ਉਮਰ 12 ਸਾਲ ਹੋਣੀ ਚਾਹੀਦੀ ਹੈ। ਇਸ ਸਬੰਧੀ ਯੋਗਤਾ ਚੈੱਕ ਕਰਨ ਦੀ ਨਿਰੋਲ ਜਿੰਮੇਵਾਰੀ ਸਕੂਲ ਮੁੱਖੀ ਦੀ ਹੋਵੇਗੀ।**
- ਸਾਲ/ਸੈਸ਼ਨ 2019-20 ਲਈ NRI ਵਿਦਿਆਰਥੀਆਂ ਲਈ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਬਰਾਬਰ ਦੀ ਯੋਗਤਾ ਦਾ ਸਮਾਨਤਾ ਪੱਤਰ ਜੋ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅਕਾਦਮਿਕ ਸ਼ਾਖਾ ਵੱਲੋਂ ਅਸਲ ਸਰਟੀਫਿਕੇਟਾਂ ਦੇ ਆਧਾਰ ਤੇ ਜਾਰੀ ਕੀਤਾ ਜਾਂਦਾ ਹੈ।
- ਪੰਜਵੀਂ ਅਤੇ ਅੱਠਵੀਂ ਸ਼੍ਰੇਣੀ ਦਾ ਪਰੀਖਿਆ ਫਾਰਮ ਭੇਜਣ ਵੇਲੇ ਵਿਦਿਆਰਥੀਆਂ ਦਾ ਰਜਿਸਟਰੇਸ਼ਨ ਨੰਬਰ ਜਰੂਰ ਲੱਗਿਆ ਹੋਣਾ ਜਰੂਰੀ ਹੈ।
- ਦੂਜੇ ਰਾਜ/ਬੋਰਡ ਤੋਂ ਆਏ ਪਰੀਖਿਆਰਥੀ ਦੇ ਉਕਤ ਅਨੁਸਾਰ ਸਾਰੇ ਦਸਤਾਵੇਜ਼ ਪੂਰੇ ਕਰਕੇ ਪਰੀਖਿਆ ਫਾਰਮ ਭੇਜਣ ਤੱਕ ਰਜਿਸਟਰੇਸ਼ਨ ਨੰਬਰ ਹਰ ਹਾਲਤ ਵਿੱਚ ਜਾਰੀ ਕਰਵਾ ਲਏ ਜਾਣ।
- ਰਜਿਸਟਰੇਸ਼ਨ ਨੰਬਰ ਲਗਵਾਉਣ ਦੀ ਸਮੁੱਚੀ ਜ਼ਿੰਮੇਵਾਰੀ ਸਕੂਲ ਮੁੱਖੀ ਦੀ ਹੋਵੇਗੀ ।
- ਕਿਸੇ ਵੀ ਵਿਦਿਆਰਥੀ ਨੂੰ ਆਪਣੇ ਪੱਧਰ ਤੇ ਰਜਿਸਟਰੇਸ਼ਨ ਨੰਬਰ ਨਾ ਲਗਾਇਆ ਜਾਵੇ।

**(5) ਸਕੂਲ ਤੋਂ ਸਕੂਲ ਮਾਈਗਰੇਸ਼ਨ :-**

- ਪੰਜਵੀਂ ਅਤੇ ਅੱਠਵੀਂ ਸ਼੍ਰੇਣੀ ਦੀ ਸਕੂਲ ਤੋਂ ਸਕੂਲ ਮਾਈਗਰੇਸ਼ਨ, ਪੰਜਾਬ ਸਕੂਲ ਸਿੱਖਿਆ ਬੋਰਡ ਦੇ ਪ੍ਰੀਖਿਆ ਫਾਰਮ ਦੀ ਬਿਨ੍ਹਾਂ ਲੇਟ ਫੀਸ ਅੰਤਿਮ ਮਿਤੀ ਤੱਕ, ਨਿਰਧਾਰਿਤ ਫੀਸ ਨਾਲ ਕੀਤੀ ਜਾਵੇਗੀ। ਇਸ ਤੋਂ ਬਾਅਦ ਨਿਰਧਾਰਿਤ ਫੀਸ ਨਾਲ ਵਿਰਲੇ ਕੇਸਾਂ ਵਿੱਚ ਜਿਵੇਂ ਮਾਤਾ/ਪਿਤਾ/ਗਾਰਡੀਅਨ ਦੀ ਬਦਲੀ/ਅਚਾਨਕ ਮੌਤ ਹੋਣ ਦੀ ਸੂਰਤ ਵਿੱਚ ਮਾਈਗਰੇਸ਼ਨ ਮਾਨਯੋਗ ਚੇਅਰਮੈਨ ਜੀ ਵੱਲੋਂ ਆਗਿਆ ਦੇਣ ਉਪਰੰਤ ਹੀ ਕੀਤੀ ਜਾਵੇਗੀ। ਇਹ ਮਾਈਗਰੇਸ਼ਨ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਸਲਾਨਾ ਪ੍ਰੀਖਿਆਵਾਂ ਸ਼ੁਰੂ ਹੋਣ ਤੋਂ 45 ਦਿਨ ਪਹਿਲਾਂ ਤੱਕ ਕੀਤੀ ਜਾਵੇਗੀ। ਅਜਿਹਾ ਕਰਨ ਲਈ ਵਿਦਿਆਰਥੀ ਸਕੂਲ ਤੋਂ ਸਕੂਲ ਮਾਈਗਰੇਸ਼ਨ ਫਾਰਮ ਦੋਵੇਂ ਸਕੂਲ ਮੁਖੀਆਂ ਤੋਂ ਤਸਦੀਕ ਕਰਵਾਉਣਗੇ।
- ਦੋਵੇਂ ਸਕੂਲ ਮੁੱਖੀ ਇਸ ਗੱਲ ਦਾ ਖਾਸ ਧਿਆਨ ਰੱਖਣ ਕਿ ਜਦ ਤੱਕ ਵਿਦਿਆਰਥੀ ਨੂੰ ਬੋਰਡ ਦਫਤਰ ਵੱਲੋਂ ਮਾਈਗਰੇਸ਼ਨ ਸਰਟੀਫਿਕੇਟ ਜਾਰੀ ਨਹੀਂ ਕੀਤਾ ਜਾਂਦਾ, ਤਦ ਤੱਕ ਟਰਾਂਸਫਰ ਸਰਟੀਫਿਕੇਟ ਜਾਰੀ ਨਾ ਕੀਤਾ ਜਾਵੇ ਅਤੇ ਨਾ ਹੀ ਬਦਲੇ ਹੋਏ ਸਕੂਲ ਵਿੱਚ ਦਾਖਲ ਕੀਤਾ ਜਾਵੇ।

**(6) ਇੰਟਰਬੋਰਡ ਮਾਈਗਰੇਸ਼ਨ :-**

- ਬੋਰਡ ਵੱਲੋਂ ਜਾਰੀ ਦਾਖਲਾ ਸ਼ਡਿਊਲ ਦੀਆਂ ਮਿਤੀਆਂ ਖਤਮ ਹੋਣ ਉਪਰੰਤ ਦੂਜੇ ਰਾਜ/ਬੋਰਡ ਤੋਂ ਪੜ੍ਹਦੇ ਆ ਰਹੇ ਵਿਦਿਆਰਥੀ ਕਿਸੇ ਵੀ ਸੂਰਤ ਵਿੱਚ ਪੰਜਵੀਂ/ਅੱਠਵੀਂ ਸ਼੍ਰੇਣੀ ਵਿੱਚ ਬੋਰਡ ਤੋਂ ਇੰਟਰਬੋਰਡ ਮਾਈਗਰੇਸ਼ਨ ਫਾਰਮ ਤੇ ਰਜਿਸਟਰੇਸ਼ਨ ਸ਼ਾਖਾ ਵੱਲੋਂ ਪੂਰਵ ਪ੍ਰਵਾਨਗੀ ਲਏ ਬਿਨਾਂ ਦਾਖਲ ਨਾ ਕੀਤੇ ਜਾਣ। ਮਾਈਗਰੇਸ਼ਨ ਹੋਣ ਉਪਰੰਤ ਵਿਦਿਆਰਥੀ ਨੂੰ 15 ਦਿਨ ਦੇ ਅੰਦਰ-ਅੰਦਰ ਸਕੂਲ ਵਿੱਚ ਦਾਖਲਾ ਲੈਣਾ ਲਾਜ਼ਮੀ ਹੋਵੇਗਾ। ਦਾਖਲਾ ਨਾ ਲੈਣ ਦੀ ਸੂਰਤ ਵਿੱਚ ਦਿੱਤੀ ਪ੍ਰਵਾਨਗੀ ਰੱਦ ਹੋਈ ਸਮਝੀ ਜਾਵੇਗੀ। ਰੱਦ ਹੋਈ ਪ੍ਰਵਾਨਗੀ ਵਾਲੇ ਵਿਦਿਆਰਥੀ ਨੂੰ ਵਿਸ਼ੇਸ਼ ਹਲਾਤਾਂ ਵਿੱਚ ਦੁਬਾਰਾ ਪ੍ਰਵਾਨਗੀ ਮੁੜ ਫੀਸ ਜਮ੍ਹਾਂ ਕਰਵਾਉਣ ਤੇ ਹੀ ਦਿੱਤੀ ਜਾਵੇਗੀ। ਇਹ ਮਾਈਗਰੇਸ਼ਨ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਸਲਾਨਾ ਪ੍ਰੀਖਿਆਵਾਂ ਸ਼ੁਰੂ ਹੋਣ ਤੋਂ 45 ਦਿਨ ਪਹਿਲਾਂ ਤੱਕ ਕੀਤੀ ਜਾਵੇਗੀ।
- **ਇੰਟਰ ਬੋਰਡ ਮਾਈਗਰੇਸ਼ਨ ਅਪਲਾਈ ਕਰਨ ਉਪਰੰਤ 10 ਦਿਨਾਂ ਦੇ ਅੰਦਰ-ਅੰਦਰ ਸਕੂਲ ਵੱਲੋਂ ਸਬੰਧਤ ਫਾਰਮ (F-2/A-2) ਦੀ ਆਨ-ਲਾਈਨ ਐਂਟਰੀ ਕੀਤੀ ਜਾਵੇ, ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇੰਟਰ-ਬੋਰਡ ਮਾਈਗਰੇਸ਼ਨ ਫਾਰਮ ਰੱਦ ਸਮਝਿਆ ਜਾਵੇਗਾ।**

ਡਾਇਰੈਕਟਰ (ਕੰਪਿਊਟਰ ਸੈੱਲ),<br>
ਵਾਸਤੇ, ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ,<br>
ਐੱਸ. ਏ. ਐੱਸ. ਨਗਰ।